8 Dec.-TT-Pages.qxd 12/8/2024 11:49 PM Page 4

59 ਵੀਂ ਪੰਜਾਬ ਸਟੇਟ ਕਰਾਸ ਕੰਟਰੀ ਚੈਂਪੀਅਨਸ਼ਿਪ 22 ਦਸੰਬਰ ਪਹੁਵਿੰਡ ਗਰਾਊਂਡ ਵਿਖੇ ਹੋਵੇਗੀ

ਦੌੜ ਵਿਚ ਭਾਗ ਲੈਣ ਵਾਲੇ ਸਮੇਂ ਸਿਰ ਪਹੁੰਚਣ-ਪ੍ਰਧਾਨ ਸਰੂਪ ਸਿੰਘ ਢੋਟੀਆਂ

ਜਾਣਕਾਰੀ ਦਿੰਦੇ ਹੋਏ ਪ੍ਰਧਾਨ ਸਰੂਪ ਸਿੰਘ ਢੋਟੀਆਂ ਅਤੇ ਹੋਰ ਪ੍ਰਬੰਧਕ। ਤਸਵੀਰ:ਬੌਬੀ

ਭਿੱਖੀਵਿੰਡ, 7 ਦਸੰਬਰ (ਬੌਬੀ)- ਗੁਰਦੁਆਰਾ ਜਨਮ ਅਸਥਾਨ ਸ਼ਹੀਦ ਬਾਬਾ ਦੀਪ ਸਿੰਘ ਪਹੂਵਿੰਡ ਫਾਊਂਡੇਸ਼ਨ ਪ੍ਰਧਾਨ ਕਰਨਲ ਹਰੀਸਿਮਰਨ ਸਿੰਘ ਸੰਧੂ ਦੇ ਵਿਸ਼ੇਸ਼ ਸਹਿਯੋਗ ਨਾਲ 59 ਵੀਂ ਪੰਜਾਬ ਸਟੇਟ ਕਰਾਸ ਕੰਟਰੀ ਚੈਂਪੀਅਨਸ਼ਿਪ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਪਹੂਵਿੰਡ ਨੇੜੇ ਗਰਾਊਂਡ ਸਥਾਨ ਵਿਖੇ 22ਦਸੰਬਰ ਦਿਨ ਐਤਵਾਰ ਨੂੰ ਕਰਵਾਈ ਜਾਵੇਗੀ। ਇਹ ਜਾਣਕਾਰੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਫਤਰ ਵਿਖੇ ਦਿੰਦਿਆਂ ਐਥਲੈਟਿਕ ਐਸੋਸੀਏਸ਼ਨ ਤਰਨਤਾਰਨ ਪ੍ਰਧਾਨ ਸਰੂਪ ਸਿੰਘ ਢੋਟੀਆਂ ਨੇ ਗੱਲਬਾਤ ਦੌਰਾਨ ਦਿੱਤੀ। ਉਨ੍ਹਾਂ ਆਖਿਆ ਇਸ ਚੈਂਪੀਅਨਸ਼ਿਪ ਵਿਚ ਲਗਭਗ 200 ਤੋਂ ਵੱਧ ਖਿਡਾਰੀ ਅਤੇ ਖਿਡਾਰਨਾਂ ਵੱਖ-ਵੱਖ ਉਮਰ ਗਰੁੱਪਾਂ ਵਿਚ 10,8,6,4,2 ਕਿਲੋਮੀਟਰ ਵਿਚ ਕਰਵਾਈ ਜਾ ਰਹੀ ਹੈ। ਪ੍ਰਧਾਨ ਸਰੂਪ ਸਿੰਘ ਨੇ ਸਾਰੇ ਖਿਡਾਰੀ ਖਿਡਾਰਨਾਂ ਨੂੰ ਅਪੀਲ ਕੀਤੀ 21 ਦਸੰਬਰ ਨੂੰ ਰਾਤ ਸਮੇਂ ਸਿਰ ਗੁਰਦੁਆਰਾ ਜਨਮ ਅਸਥਾਨ ਪਹੂਵਿੰਡ ਵਿਖੇ ਪਹੁੰਚ ਜਾਣ ਤਾਂ ਜੋ ਕਰਾਸ ਕੰਟਰੀ ਵਿਚ ਭਾਗ ਲੈਣ ਵਾਲੇ ਹਰ ਵਿਅਕਤੀ ਦਾ ਰਹਿਣ ਸਹਿਣ ਅਤੇ ਖਾਣ ਪੀਣ ਦਾ ਪ੍ਰਬੰਧ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ 22 ਦਸੰਬਰ ਨੂੰ ਸਵੇਰੇ ਸਾਢੇ 5 ਵਜੇ ਖਿਡਾਰੀ ਸਟਾਰਟਿੰਗ ਪੁਆਇੰਟ ਉੱਤੇ ਰਿਪੋਰਟ ਕਰਨਗੇ ਅਤੇ 6 ਵਜੇ ਰੇਸ ਸ਼ੁਰੂ ਕਰਵਾਈ ਜਾਵੇਗੀ ਜਦੋਂਕਿ 6 ਵਜੇ ਤੋਂ ਬਾਅਦ ਕਿਸੇ ਵੀ ਖਿਡਾਰੀ ਨੂੰ ਭਾਗ ਲੈਣ ਦੀ ਇਜਾਜ਼ਤ ਨਹੀਂ ਹੋਵੇਗੀ। ਪ੍ਰਧਾਨ ਸਰੂਪ ਸਿੰਘ ਢੋਟੀਆਂ ਪੰਜਾਬ ਭਰ ਦੇ ਸਾਰੇ ਖਿਡਾਰੀ ਖਿਡਾਰਨਾਂ ਨੂੰ ਖੁੱਲਾ ਸੱਦਾ ਦਿੰਦਿਆਂ ਦੌੜ ਵਿਚ ਸ਼ਾਮਿਲ ਹੋਣ ਲਈ ਆਖਿਆ। ਇਸ ਸਮੇਂ ਸ਼ਹੀਦ ਬਾਬਾ ਦੀਪ ਸਿੰਘ ਫਾਊਂਡੇਸ਼ਨ ਪ੍ਰਧਾਨ ਕਰਨਲ ਹਰਿਸਿਮਰਨ ਸਿੰਘ, ਮੈਨੇਜਰ ਪ੍ਰਭਜੋਤ ਸਿੰਘ, ਜਰਨਲ ਸੈਕਟਰੀ ਹਰਜੀਤ ਸਿੰਘ ਸੰਧੂ, ਪਰਮਜੀਤ ਸਿੰਘ, ਪ੍ਰਧਾਨ ਬਲਜਿੰਦਰ ਸਿੰਘ ਮੰਡ, ਭਿਮਾਲ ਸਿੰਘ ਬੱਬਾ, ਸੁਰਜੀਤ ਸਿੰਘ ਜੱਗੂ, ਨੰਬਰਦਾਰ ਚਾਨਣ ਸਿੰਘ, ਸਰਵਨ ਸਿੰਘ, ਜੋਗਾ ਸਿੰਘ, ਰੰਗਾ ਸਿੰਘ ਭਗਵਾਨਪੁਰਾ ਆਦਿ ਹਾਜ਼ਰ ਸਨ।

ਟੀ.ਬੀ. ਜਾਗਰੂਕਤਾ ਮੁਹਿੰਮ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨ ਸਮੇਂ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਅਤੇ ਉਨ੍ਹਾਂ ਨਾਲ ਡਾਕਟਰ ਅਤੇ ਸਟਾਫ਼। ਤਸਵੀਰ:ਮਨਜੀਤ ਸਿੰਘ

ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਕੀਤੀ ਟੀ.ਬੀ. ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ

ਤਰਨ ਤਾਰਨ, 8 ਦਸੰਬਰ (ਹਰਿੰਦਰ ਸਿੰਘ)-ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾਕਟਰ ਬਲਬੀਰ ਸਿੰਘ ਵਲੋਂ ਤਪਦਿਕ ਦੀ ਬਿਮਾਰੀ ਦੀ ਰੋਕਥਾਮ ਲਈ ਸ਼ੁਰੂ ਕੀਤੀ ਗਈ ਜਾਗਰੂਕਤਾ ਮੁਹਿੰਮ ਨੂੰ ਜ਼ਿਲ੍ਹਾ ਤਰਨ ਤਾਰਨ ਤੋਂ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਵਲੋਂ ਸ਼ਨੀਵਾਰ ਨੂੰ ਦਫਤਰ ਸਿਵਲ ਸਰਜਨ ਵਿਖੇ ਹਰੀ ਝੰਡੀ ਵਿਖਾ ਕੇ ਪ੍ਰਚਾਰ ਪ੍ਰਸਾਰ ਵਾਹਨ ਨੂੰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਲਈ ਰਵਾਨਾ ਕੀਤਾ। ਇਹ ਮੁਹਿੰਮ ਪੂਰੇ 100 ਦਿਨਾਂ ਲਈ ਚਲੇਗੀ ਅਤੇ ਇਸ ਦੌਰਾਨ ਟੀ.ਬੀ. ਦੇ ਸ਼ੱਕੀ ਮਰੀਜ਼ਾਂ ਦੀ ਸ਼ਨਾਖਤ ਅਤੇ ਉਨਾਂ ਦੇ ਇਲਾਜ ਨੂੰ ਸੰਭਵ ਬਣਾਇਆ ਜਾਵੇਗਾ। ਇਸ ਮੌਕੇ ਜ਼ਿਲ੍ਹੇ ਦੇ ਕਾਰਜਕਾਰੀ ਸਿਵਲ ਸਰਜਨ ਕਮ ਜ਼ਿਲ੍ਹਾ ਟੀਕਾਕਰਨ ਅਫਸਰ ਡਾਕਟਰ ਵਰਿੰਦਰਪਾਲ ਕੌਰ, ਸੀਨੀਅਰ ਮੈਡੀਕਲ ਅਫਸਰ ਡਾਕਟਰ ਸਰਬਜੀਤ ਸਿੰਘ ਅਤੇ ਜ਼ਿਲ੍ਹਾ ਟੀ.ਬੀ ਅਫਸਰ ਡਾਕਟਰ ਰਾਜਬੀਰ ਸਿੰਘ ਵੀ ਮੌਜੂਦ ਰਹੇ। ਇਸ ਮੁਹਿਮ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਵਿਧਾਇਕ ਡਾਕਟਰ ਸੋਹਲ ਨੇ ਕਿਹਾ ਕਿ ਸੂਬਾ ਸਰਕਾਰ ਅਤੇ ਸਿਹਤ ਵਿਭਾਗ ਵਲੋਂ ਟੀ.ਬੀ ਵਰਗੀ ਨਾਮੁਰਾਦ ਬਿਮਾਰੀ ਨੂੰ ਧਿਆਨ ਵਿਚ ਰੱਖਦਿਆਂ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੌਰਾਨ ਸਿਹਤ ਕਰਮੀਆਂ ਵਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦੇ ਵਿੱਚ ਜਿੱਥੇ ਟੀਬੀ ਦੀ ਰੋਕਥਾਮ ਬਾਰੇ ਜਾਗਰੂਕਤਾ ਫੈਲਾਈ। ਕਾਰਜਕਾਰੀ ਸਿਵਲ ਸਰਜਨ ਡਾਕਟਰ ਵਰਿੰਦਰਪਾਲ ਕੌਰ ਨੇ ਕਿਹਾ ਕਿ ਜ਼ਿਲ੍ਹੇ ਤੇ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਵਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਹੋਇਆਂ ਟੀਬੀ ਵਿਰੁੱਧ ਸ਼ੁਰੂ ਹੋਈ ਮੁਹਿੰਮ ਤਹਿਤ ਜਿੱਥੇ ਸ਼ੱਕੀ ਮਰੀਜ਼ਾਂ ਦੀ ਭਾਲ ਕੀਤੀ ਜਾਵੇਗੀ, ਉਥੇ ਨਾਲ ਹੀ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਇਲਾਜ ਵੀ ਬਿਲਕੁਲ ਮੁਫਤ ਕਰਵਾਇਆ ਜਾਵੇਗਾ। ਐੱਸ.ਐੱਮ.ਓ. ਡਾ. ਸਰਬਜੀਤ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਆਰ.ਐੱਨ.ਟੀ.ਸੀ ਪੀ ਵਿੰਗ ਚਲਾਏ ਜਾ ਰਹੇ ਹਨ ਜਿੱਥੇ ਟੀ.ਬੀ ਜਾਂਚ ਅਤੇ ਮੁਫਤ ਦਵਾਈਆਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਇਸ ਮੁਹਿੰਮ ਦੌਰਾਨ ਟੀ.ਬੀ ਮਰੀਜ਼ਾਂ ਦੇ ਸਾਂਭ ਸੰਭਾਲ ਬਾਰੇ ਵੀ ਉਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਜਾਗਰੂਕ ਕੀਤਾ ਜਾਵੇਗਾ। ਜ਼ਿਲ੍ਹਾ ਟੀ.ਬੀ. ਅਫਸਰ ਡਾਕਟਰ ਰਾਜਬੀਰ ਸਿੰਘ ਨੇ ਦੱਸਿਆ ਕਿ ਜੇਕਰ ਟੀਵੀ ਦੇ ਲੱਛਣਾਂ ਦੀ ਗੱਲ ਕਰੀਏ ਤਾਂ ਕਿਸੇ ਵਿਅਕਤੀ ਨੂੰ ਜੇਕਰ ਦੋ ਹਫਤਿਆਂ ਤੋਂ ਵੱਧ ਖੰਘ ਆ ਰਹੀ ਹੋਵੇ, ਭੁੱਖ ਨਾ ਲੱਗ ਰਹੀ ਹੋਵੇ, ਅਚਾਨਕ ਸਰੀਰ ਦਾ ਭਾਰ ਘਟਣ ਲੱਗ ਜਾਵੇ ਜਾਂ ਫਿਰ ਨਿਰੰਤਰ ਥਕਾਵਟ ਰਹੇ ਤਾਂ ਉਸ ਵਿਅਕਤੀ ਨਨੂੰ ਬਿਨਾਂ ਸਮਾਂ ਗਵਾਏ ਨਜ਼ਦੀਕੀ ਸਿਹਤ ਕੇਂਦਰ ਵਿਖੇ ਜਾ ਕੇ ਆਪਣੀ ਟੀ.ਬੀ ਜਾਂਚ ਕਰਵਾਉਣੀ ਚਾਹੀਦੀ ਹੈ। ਇਸ ਮੌਕੇ ਮੈਡੀਕਲ ਅਫਸਰ ਡਾਕਟਰ ਨੀਰਜ ਲਤਾ, ਫਾਰਮੇਸੀ ਅਫਸਰ ਭੁਪਿੰਦਰ ਸਿੰਘ ਮਰਹਾਣਾ, ਨਿਰਮਲ ਸਿੰਘ ਅਤੇ ਨਵ ਨਿਯੁਕਤ ਮੈਡੀਕਲ ਅਫਸਰ ਮੌਜੂਦ ਰਹੇ।

ਨਗਰ ਨਿਗਮ, ਨਗਰ ਪੰਚਾਇਤ ਅਤੇ ਨਗਰ ਕੌਂਸਲ ਚੋਣਾਂ ਲਈ ਅੱਜ ਤੋਂ ਜਮ੍ਹਾਂ ਕਰਵਾਈਆਂ ਜਾਣਗੀਆਂ ਨਾਮਜ਼ਦਗੀਆਂ

ਅੰਮ੍ਰਿਤਸਰ, 8 ਦਸੰਬਰ (ਹਰਮਿੰਦਰ ਸਿੰਘ)-ਨਗਰ ਨਿਗਮ ਅੰਮ੍ਰਿਤਸਰ, ਨਗਰ ਪੰਚਾਇਤ ਰਾਜਾਸਾਂਸੀ ਅਤੇ ਬਾਬਾ ਬਕਾਲਾ ਦੀਆਂ ਆਮ ਚੋਣਾਂ ਅਤੇ ਨਗਰ ਕੌਂਸਲ ਮਜੀਠਾ ਦੇ ਵਾਰਡ ਨੰਬਰ 4, ਨਗਰ ਪੰਚਾਇਤ ਅਜਨਾਲਾ ਵਾਰਡ ਨੰਬਰ ਪੰਜ ਅਤੇ ਸੱਤ ਅਤੇ ਨਗਰ ਪੰਚਾਇਤ ਰਈਆ ਦੇ ਵਾਰਡ ਨੰਬਰ 13 ਦੀਆਂ ਉਪ ਚੋਣਾਂ ਲਈ ਨਾਮਜ਼ਦਗੀਆਂ 9 ਦਸੰਬਰ ਤੋਂ 12 ਦਸੰਬਰ ਤੱਕ ਦਾਖਲ ਕਰਵਾਈਆਂ ਜਾ ਸਕਣਗੀਆਂ। ਇਹ ਜਾਣਕਾਰੀ ਦਿੰਦੇ ਚੋਣਾਂ ਦੇ ਨੋਡਲ ਅਧਿਕਾਰੀ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਪਰਮਜੀਤ ਕੌਰ ਨੇ ਦੱਸਿਆ ਕਿ ਨਾਮਜ਼ਦਗੀ ਕਾਗਜ ਦਾਖਲ ਕਰਵਾਉਣ ਦਾ ਸਮਾਂ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਦਾ ਹੋਵੇਗਾ। ਉਨ੍ਹਾਂ ਦੱਸਿਆ ਕਿ ਸਕੱਤਰ ਆਰ.ਟੀ.ਏ., ਅੰਮ੍ਰਿਤਸਰ ਆਪਣੇ ਦਫਤਰ ਨੇੜੇ ਵਾਲਮੀਕਿ ਚੌਕ ਰਾਮ ਤੀਰਥ ਰੋਡ, ਅੰਮ੍ਰਿਤਸਰ ਵਿਖੇ ਵਾਰਡ ਨੰਬਰ 3, 4, 5, 6, 7, 8, 9, 10, 11, 12, 13, 14, 15, 16, 17, 61, 62 ਦੇ ਟਿਰਨਿੰਗ ਅਧਿਕਾਰੀ ਹੋਣ ਕਾਰਨ ਉੱਥੇ ਨਾਮਜ਼ਦਗੀ ਕਾਗਜ਼ ਲੈਣਗੇ ਜਦ ਕਿ ਉਪ ਮੰਡਲ ਮੈਜਿਸਟਰੇਟ ਅੰਮ੍ਰਿਤਸਰ-2, ਦਫਤਰ ਐਸ.ਡੀ.ਐਮ ਅੰਮ੍ਰਿਤਸਰ-2 ਗਰਾਊਂਡ ਫਲੋਰ, ਡੀਏਸੀ ਕੰਪਲੈਕਸ ਅੰਮ੍ਰਿਤਸਰ ਵਿਖੇ ਵਾਰਡ ਨੰਬਰ 18, 19, 20, 21, 22, 23, 24, 25, 26, 27, 28, 29, 30, 31, 32, 33, 34, 35, ਉਪ ਮੰਡਲ ਮੈਜਿਸਟਰੇਟ ਅੰਮ੍ਰਿਤਸਰ ਇਕ ਕੋਰਟ ਰੂਮ ਐਸਡੀਐਮ ਅੰਮ੍ਰਿਤਸਰ ਇਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਵਾਰਡ ਨੰਬਰ 36, 37, 38, 39, 40, 41, 42, 43, 44, 45, 46, 47, 48, 49, 50, 54, ਜ਼ਿਲ੍ਹਾ ਮਾਲ ਅਫ਼ਸਰ ਅੰਮ੍ਰਿਤਸਰ ਪਹਿਲੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਦੇ ਅਦਾਲਤੀ ਕਮਰੇ 'ਚ ਵਾਰਡ ਨੰਬਰ 51, 52, 53, 55, 56, 57, 58, 59, 60, 63, 67, 68, 69, 73। ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਅਧਿਕਾਰੀ ਪ੍ਰਿੰਸੀਪਲ ਦਫਤਰ ਸਰਕਾਰ ਪੌਲੀਟੈਕਨਿਕ ਨੇੜੇ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਵਾਰਡ ਨੰਬਰ 1, 2, 64, 65, 66, 70, 71, 72, 74, 75, 76, 77, 78, 79, 80, 81, 82, 83, 84, 85 ਦੇ ਨਾਮਜ਼ਦਗੀ ਪਰਚੇ ਪ੍ਰਾਪਤ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਉਪ ਮੰਡਲ ਮੈਜਿਸਟ੍ਰੇਟ ਬਾਬਾ ਬਕਾਲਾ ਸਾਹਿਬ, ਕੋਰਟ ਰੂਮ, ਪਹਿਲੀ ਮੰਜ਼ਿਲ, ਐੱਸ.ਡੀ.ਐੱਮ ਦਫ਼ਤਰ ਬਾਬਾ ਬਕਾਲਾ ਸਾਹਿਬ ਵਿਖੇ ਨਗਰ ਪੰਚਾਇਤ, ਬਾਬਾ ਬਕਾਲਾ ਵਾਰਡ ਨੰ: 1 ਤੋਂ 13 ਅਤੇ ਨਗਰ ਪੰਚਾਇਤ, ਰਈਆ ਦੇ ਵਾਰਡ ਨੰ: 13 ਦੇ ਨਾਮਜ਼ਦਗੀ ਕਾਗਜ਼ ਲੈਣਗੇ। ਇਸੇ ਤਰ੍ਹਾਂ ਉਪ ਮੰਡਲ ਮੈਜਿਸਟਰੇਟ ਲੋਪੋਕੇ। ਮੀਟਿੰਗ ਹਾਲ, ਨਗਰ ਪੰਚਾਇਤ ਦਫ਼ਤਰ ਰਾਜਾਸਾਂਸੀ ਵਿਖੇ ਨਗਰ ਪੰਚਾਇਤ ਰਾਜਾ ਸਾਂਸੀ ਦੇ ਵਾਰਡ ਨੰ: 1 ਤੋਂ 13 ਉਪ ਮੰਡਲ ਮੈਜਿਸਟਰੇਟ ਅਜਨਾਲਾ ਐਸ.ਡੀ.ਐਮ, ਅਜਨਾਲਾ ਦੇ ਅਦਾਲਤੀ ਕਮਰੇ 'ਚ ਨਗਰ ਪੰਚਾਇਤ ਅਜਨਾਲਾ ਵਾਰਡ ਨੰ: 05 ਅਤੇ 07 ਅਤੇ ਉਪ ਮੰਡਲ ਮੈਜਿਸਟਰੇਟ ਮਜੀਠਾ ਕੋਰਟ ਰੂਮ, ਗਰਾਊਂਡ ਫਲੋਰ, ਦਫਤਰ ਤਹਿਸੀਲਦਾਰ, ਮਜੀਠਾਵਿਖੇ ਨਗਰ ਕੌਂਸਲ ਮਜੀਠਾ ਦੇ ਵਾਰਡ ਨੰ.4 ਲਈ ਨਾਮਜ਼ਦਗੀ ਪਰਚੇ ਪ੍ਰਾਪਤ ਕਰਨਗੇ।

ਰੇਲਵੇ ਲਾਈਨਾਂ ਨੇੜਿਓ ਬਜ਼ੁਰਗ ਵਿਅਕਤੀ ਦੀ ਲਾਸ਼ ਮਿਲੀ

ਅੰਮ੍ਰਿਤਸਰ, 8 ਦਸੰਬਰ (ਗਗਨਦੀਪ ਸ਼ਰਮਾ)-ਰੇਲਵੇ ਸਟੇਸ਼ਨ ਭਗਤਾਂ ਵਾਲਾ-ਤਰਨ ਤਾਰਨ ਦਰਮਿਆਨ ਪੈਂਦੇ ਕਿਲੋਮੀਟਰ ਨੰਬਰ 10/1 ਤੇ ਖੰਬਾ ਨੰਬਰ 10/1-10/2 ਦੀਆਂ ਰੇਲਵੇ ਲਾਈਨਾਂ ਨੇੜਿਓ ਇਕ ਬਜ਼ੁਰਗ ਵਿਅਕਤੀ ਦੀ ਲਾਸ਼ ਮਿਲੀ ਹੈ। ਜੀ. ਆਰ. ਪੀ. ਪੁਲਿਸ ਚੌਕੀ ਤਰਨ-ਤਾਰਨ 'ਚ ਤਾਇਨਾਤ ਏ. ਐੱਸ. ਆਈ. ਅਮਰੀਕ ਸਿੰਘ ਨੇ ਉਕਤ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮ੍ਰਿਤਕ ਦੀ ਉਮਰ ਕਰੀਬ 60 ਸਾਲ ਹੈ ਅਤੇ ਉਸਦੀ ਮੌਤ ਕੁਦਰਤੀ ਹੋਈ ਜਾਪਦੀ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਪਹਿਚਾਣ ਨਾ ਹੋ ਸਕਣ ਕਰਕੇ ਲਾਸ਼ 72 ਘੰਟੇ ਲਈ ਜੀ. ਆਰ. ਪੀ. ਅੰਮ੍ਰਿਤਸਰ 'ਚ ਬਣੀ ਮੋਰਚਰੀ 'ਚ ਰੱਖਕੇ 194 ਬੀ. ਐੱਨ. ਐੱਸ. ਐੱਸ. ਦੀ ਕਾਰਵਾਈ ਅਮਲ 'ਚ ਲਿਆਂਦੀ ਗਈ ਹੈ।

ਉਦਯੋਗਾਂ 'ਚ ਸੋਲਰ ਊਰਜਾ ਨੂੰ ਅਪਣਾਉਣ ਉਦਯੋਗਪਤੀ-ਈ. ਟੀ. ਓ.

*** ਕਿਸਾਨ ਆਪਣੀ ਇੱਛਾ ਨਾਲ ਸੋਲਰ ਪੈਨਲ ਲਗਾਉਣ ਲਈ ਜ਼ਮੀਨ ਦੇਣ ਤਾਂ ਸਰਕਾਰ ਕਰੇਗੀ ਮਦਦ**

*** ਊਰਜਾ ਮੰਤਰੀ ਨੇ ਕਿਹਾ, ਉਦਯੋਗਪਤੀਆਂ ਨੂੰ ਕੀਤੀ ਜਾ ਰਹੀ ਸਬਸਿਡੀ ਆਧਾਰਿਤ ਬਿਜਲੀ ਸਪਲਾਈ**

ਅੰਮ੍ਰਿਤਸਰ, 8 ਦਸੰਬਰ (ਸੁਰਿੰਦਰ ਕੋਛੜ)-ਪੰਜਾਬ ਦੇ ਊਰਜਾ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਉਦਯੋਗਪਤੀਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਉਦਯੋਗਾਂ 'ਚ ਬਿਜਲੀ ਸਪਲਾਈ ਲਈ ਸੋਲਰ ਸਿਸਟਮ ਨੂੰ ਅਪਣਾਉਣ, ਇਸ ਦੇ ਲਈ ਸਰਕਾਰ ਹਰ ਸੰਭਵ ਮਦਦ ਦੇਣ ਲਈ ਤਿਆਰ ਹੈ। ਈ. ਟੀ. ਓ. ਨੇ ਅੰਮ੍ਰਿਤਸਰ ਵਿਖੇ ਚੱਲ ਰਹੇ 18ਵੇਂ ਪੰਜਾਬ ਇੰਟਰਨੈਸ਼ਨਲ ਟ੍ਰੇਡ ਐਕਸਪੋ ਦੌਰਾਨ ਪਾਈਟੈੱਕਸ ਦਾ ਨਿਰੀਖਣ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਉਦਯੋਗਪਤੀਆਂ ਨੂੰ ਸਬਸਿਡੀ ਆਧਾਰਿਤ ਬਿਜਲੀ ਸਪਲਾਈ ਕੀਤੀ ਜਾ ਰਹੀ ਹੈ। ਉਦਯੋਗਾਂ ਨੂੰ ਬਿਜਲੀ ਡਿਊਟੀ 'ਚ ਵੀ ਛੋਟ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਸਰਕਾਰ ਨੇ ਉਦਯੋਗਾਂ ਲਈ ਓਪਨ ਅਕਸੈਸ ਨੀਤੀ ਲਿਆਂਦੀ ਹੈ। ਜਿਸ ਤਹਿਤ ਉਦਯੋਗਪਤੀ ਆਪਣੇ ਉਦਯੋਗਾਂ ਜਾਂ ਆਸ-ਪਾਸ ਦੇ ਖੇਤਰਾਂ 'ਚ ਸੋਲਰ ਪੈਨਲ ਲਗਾ ਸਕਦੇ ਹਨ। ਆਪਣੇ ਅਹਾਤੇ 'ਚ ਪੈਦਾ ਹੋਈ ਬਿਜਲੀ ਦੀ ਵਰਤੋਂ ਕਰ ਸਕਦੇ ਹਨ। ਜਿਨ੍ਹਾਂ ਕੋਲ ਵਾਧੂ ਬਿਜਲੀ ਹੋਵੇਗੀ ਉਹ ਬਿਜਲੀ ਸਰਕਾਰ ਨੂੰ ਵੀ ਮੁਹੱਈਆ ਕਰਵਾ ਸਕਦੇ ਹਨ। ਊਰਜਾ ਮੰਤਰੀ ਨੇ ਕਿਹਾ ਕਿ ਇਸ ਸਕੀਮ ਨੂੰ ਪੀ. ਐੱਸ. ਪੀ. ਸੀ. ਐੱਨ. ਅਤੇ ਪੇਡਾ ਵਲੋਂ ਸਾਂਝੇ ਤੌਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ। ਜਿਸ ਤਹਿਤ ਕਿਸਾਨਾਂ ਦੀ ਇੱਛਾ ਅਨੁਸਾਰ ਉਨ੍ਹਾਂ ਦੀ ਜ਼ਮੀਨ ਲੰਮੇ ਸਮੇਂ ਲਈ ਠੇਕੇ 'ਤੇ ਲੈ ਕੇ ਉਸ ਜ਼ਮੀਨ 'ਤੇ ਸੋਲਰ ਪੈਨਲ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਕਿਸਾਨਾਂ ਨੇ ਇਸ ਸਕੀਮ ਨਾਲ ਜੁੜ ਕੇ ਉਦਯੋਗਪਤੀਆਂ ਦੀ ਮਦਦ ਕੀਤੀ ਹੈ ਅਤੇ ਪੰਜਾਬ ਸਰਕਾਰ ਦੀ ਕੋਸ਼ਿਸ਼ ਹੈ ਕਿ ਪੰਜਾਬ ਨੂੰ ਬਿਜਲੀ ਉਤਪਾਦਨ ਦੇ ਖੇਤਰ 'ਚ ਸਰਪਲੱਸ ਸੂਬਾ ਬਣਾਇਆ ਜਾਵੇ। ਪਾਈਟੈੱਕਸ ਦੇ ਆਯੋਜਨ 'ਤੇ ਪ੍ਰਬੰਧਕਾਂ ਦੀ ਸ਼ਲਾਘਾ ਕਰਦਿਆਂ ਹਰਭਜਨ ਸਿੰਘ ਈ. ਟੀ. ਓ. ਨੇ ਕਿਹਾ ਕਿ ਇਸ ਸਮਾਗਮ ਨੇ ਨਾ ਸਿਰਫ਼ ਅੰਮ੍ਰਿਤਸਰ ਬਲਕਿ ਪੂਰੇ ਪੰਜਾਬ ਦੇ ਕਾਰੋਬਾਰ ਨੂੰ ਹੁਲਾਰਾ ਦਿੱਤਾ ਹੈ। ਈ. ਟੀ. ਓ. ਨੇ ਪਾਈਟੈੱਕਸ 'ਚ ਸਥਾਪਿਤ ਮਾਰਕਫੈੱਡ, ਪੇਡਾ, ਪੰਜਾਬ ਟੂਰਿਜ਼ਮ ਵਿਭਾਗ ਸਮੇਤ ਕਈ ਵਿਭਾਗਾਂ ਦੇ ਸਟਾਲਾਂ ਦਾ ਦੌਰਾ ਕੀਤਾ। ਇਸ ਮੌਕੇ ਪੀ. ਐੱਚ. ਡੀ. ਸੀ. ਸੀ. ਆਈ. ਦੇ ਡਿਪਟੀ ਸਕੱਤਰ ਨਵੀਨ ਸੇਠ ਅਤੇ ਖੇਤਰੀ ਡਾਇਰੈਕਟਰ ਭਾਰਤੀ ਸੂਦ ਨੇ ਕੈਬਨਿਟ ਮੰਤਰੀ ਨੂੰ ਯਾਦਗਾਰੀ